**ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਕੁਵੈਤ ਵਿੱਚ 'ਹਲਾ ਮੋਦੀ' ਸਮਾਗਮ ਵਿੱਚ ਭਾਰਤੀ ਸਮੁਦਾਇ ਨੂੰ ਸੰਬੋਧਿਤ ਕੀਤਾ**

21 ਦਸੰਬਰ, 2024

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਕੁਵੈਤ ਦੇ ਸ਼ੇਖ ਸਾਦ ਅਲ-ਅਬਦੁੱਲ੍ਹਾ ਇਨਡੋਰ ਸਪੋਰਟਸ ਕੰਪਲੈਕਸ ਵਿੱਚ ਆਯੋਜਿਤ ਇੱਕ ਵਿਸ਼ੇਸ਼ ਸਮਾਗਮ 'ਹਲਾ ਮੋਦੀ' ਵਿੱਚ ਭਾਰਤੀ ਸਮੁਦਾਇ ਦੇ ਇੱਕ ਬੜੇ ਸਮੂਹ ਨੂੰ ਸੰਬੋਧਿਤ ਕੀਤਾ। ਇਸ ਸਮਾਗਮ ਵਿੱਚ ਕੁਵੈਤ ਦੇ ਸਮੁਦਾਇ ਦੇ ਵਿਆਪਕ ਸਮੂਹ ਦੀ ਨੁਮਾਇੰਦਗੀ ਕਰਨ ਵਾਲੇ ਭਾਰਤੀ ਨਾਗਰਿਕ ਸ਼ਾਮਲ ਹੋਏ।

2. ਪ੍ਰਧਾਨ ਮੰਤਰੀ ਦਾ ਸਮੁਦਾਇ ਨੇ ਅਸਾਧਾਰਣ ਗਰਮਜੋਸ਼ੀ ਅਤੇ ਉਤਸ਼ਾਹ ਦੇ ਨਾਲ ਸੁਆਗਤ ਕੀਤਾ। ਇਕੱਠ ਨੂੰ ਸੰਬੋਧਿਤ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤੀ ਸਮੁਦਾਇ ਨੇ ਭਾਰਤ-ਕੁਵੈਤ ਸਬੰਧਾਂ ਨੂੰ ਬਹੁਤ ਸਮ੍ਰਿੱਧ ਕੀਤਾ ਹੈ, ਜੋ ਦੋਵਾਂ ਦੇਸ਼ਾਂ ਦੇ ਵਿਚਕਾਰ ਸਬੰਧਾਂ ਨੂੰ ਉਤਸਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਹਨਾਂ ਨੇ ਕੁਵੈਤ  ਦੇ ਮਹਾਮਹਿਮ ਅਮੀਰ ਦਾ ਉਨ੍ਹਾਂ ਦੇ ਨਿਮਰਤਾਪੂਰਨ ਸੱਦੇ ਲਈ ਧੰਨਵਾਦ ਕਰਦੇ ਹੋਏ ਕਿਹਾ ਕਿ 43 ਵਰ੍ਹਿਆਂ ਦੇ ਬਾਅਦ ਕੋਈ ਭਾਰਤੀ ਪ੍ਰਧਾਨ ਮੰਤਰੀ ਸਦੀਆਂ-ਪੁਰਾਣੀ ਦੋਸਤੀ ਨੂੰ ਹੋਰ ਮਜ਼ਬੂਤ ਅਤੇ ਪੱਕਾ ਕਰਨ ਦੇ ਲਈ ਕੁਵੈਤ ਦੀ ਯਾਤਰਾ ਕਰ ਰਿਹਾ ਹੈ।

3. ਪ੍ਰਧਾਨ ਮੰਤਰੀ ਨੇ ਕੁਵੈਤ ਦੇ ਵਿਕਾਸ ਵਿੱਚ ਸਮੁਦਾਇ ਦੀ ਸਖ਼ਤ ਮਿਹਨਤ, ਉਪਲਬਧੀ ਅਤੇ ਯੋਗਦਾਨ ਦੀ ਸ਼ਲਾਘਾ ਕੀਤੀ, ਜਿਸ ਨੂੰ ਸਥਾਨਕ ਸਰਕਾਰ ਅਤੇ ਸਮਾਜ ਨੇ ਵੀ ਵਿਆਪਕ ਤੌਰ 'ਤੇ ਮਾਨਤਾ ਦਿੱਤੀ ਹੈ। ਉਨ੍ਹਾਂ ਨੇ ਭਾਰਤੀ ਸਮੁਦਾਇ ਦੇ ਕਲਿਆਣ ਲਈ ਕੁਵੈਤ ਦੀ ਲੀਡਰਸ਼ਿਪ ਨੂੰ ਧੰਨਵਾਦ ਕੀਤਾ। ਕੁਵੈਤ ਅਤੇ ਖਾੜੀ ਦੇ ਹੋਰ ਸਥਾਨਾਂ ਵਿੱਚ ਭਾਰਤੀ ਕਰਮਚਾਰੀਆਂ ਨੂੰ ਸਮਰਥਨ ਦੇਣ ਦੇ ਲਈ ਭਾਰਤ ਦੀ ਮਜ਼ਬੂਤ ਪ੍ਰਤੀਬੱਧਤਾ ਨੂੰ ਦਰਸਾਉਂਦੇ ਹੋਏ, ਉਨ੍ਹਾਂ ਨੇ ਸਰਕਾਰ ਦੁਆਰਾ ਸ਼ੁਰੂ ਕੀਤੀਆਂ ਗਈਆਂ ਤਕਨਾਲੋਜੀ-ਅਧਾਰਿਤ ਪਹਿਲਕਦਮੀਆਂ, ਜਿਵੇਂ ਈ-ਮਾਇਗ੍ਰੇਟ ਪੋਰਟਲ ਬਾਰੇ ਵੀ ਉਹਨਾਂ ਨਾਲ ਗੱਲ ਕੀਤੀ।

4. ਪ੍ਰਧਾਨ ਮੰਤਰੀ ਨੇ ਭਾਰਤ  ਦੇ "ਵਿਸ਼ਵਬੰਧੂ", ਯਾਨੀ ਦੁਨੀਆ ਦਾ ਮਿੱਤਰ ਦ੍ਰਿਸ਼ਟੀਕੋਣ ਨੂੰ ਵੀ ਰੇਖਾਂਕਿਤ ਕੀਤਾ। ਉਨ੍ਹਾਂ ਨੇ ਭਾਰਤ ਦੀ ਤੀਬਰ ਪ੍ਰਗਤੀ ਅਤੇ ਪਰਿਵਤਰਨ, ਵਿਸ਼ੇਸ਼ ਤੌਰ 'ਤੇ ਤਕਨਾਲੋਜੀ,  ਬੁਨਿਆਦੀ ਢਾਂਚੇ ਅਤੇ ਟਿਕਾਊ ਵਿਕਾਸ, ਬਾਰੇ ਵਿਸਤਾਰ ਨਾਲ ਦੱਸਿਆ। ਉਨ੍ਹਾਂ ਨੇ ਕਿਹਾ ਕਿ ਦੁਨੀਆ ਦੀ 5ਵੀਂ ਸਭ ਤੋਂ ਬੜੀ ਅਰਥਵਿਵਸਥਾ ਹੋਣ ਦੇ ਇਲਾਵਾ, ਭਾਰਤ ਫਿਨਟੈਕ ਵਿੱਚ ਗਲੋਬਲ ਲੀਡਰ ਹੈ, ਸਟਾਰਟ-ਅੱਪ ਸੈਕਟਰ ਵਿੱਚ

ਤੀਸਰੀ ਸਭ ਤੋਂ ਵੱਡੀ ਗਲੋਬਲ ਤਾਕਤ ਹੈ ਅਤੇ ਦੁਨੀਆ ਭਰ ਵਿੱਚ ਸਭ ਤੋਂ ਵੱਧ ਡਿਜਿਟਲ ਤੌਰ 'ਤੇ ਜੁੜੇ ਸਮਾਜਾਂ ਵਿੱਚੋਂ ਇੱਕ ਹੈ। ਉਹਨਾਂ ਨੇ ਵਿੱਤੀ ਸਮਾਵੇਸ਼, ਮਹਿਲਾਵਾਂ ਦੀ ਅਗਵਾਈ ਵਾਲੇ ਵਿਕਾਸ ਅਤੇ ਸਮਾਵੇਸ਼ੀ ਵਿਕਾਸ ਜਿਹੀਆਂ ਉਪਲਬਧੀਆਂ ‘ਤੇ ਪ੍ਰਕਾਸ਼ ਪਾਇਆ। ਵਿਕਸਿਤ ਭਾਰਤ ਅਤੇ ਨਵੇਂ ਕੁਵੈਤ ਦੀਆਂ ਦੋਹਾਂ ਦੇਸ਼ਾਂ ਦੀਆਂ ਸਾਂਝੀਆਂ ਅਭਿਲਾਸ਼ਾਵਾਂ ਨੂੰ ਪ੍ਰਤੀਬਿੰਬਿਤ ਕਰਦੇ ਹੋਏ, ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਅਤੇ ਕੁਵੈਤ ਦੇ ਲਈ ਇਕੱਠਿਆਂ ਕੰਮ ਕਰਨ ਦੇ ਬਹੁਤ ਸਾਰੇ ਅਵਸਰ ਹਨ। ਭਾਰਤ ਦੀ ਕੌਸ਼ਲ ਸਮਰੱਥਾਵਾਂ ਅਤੇ ਨਵੀਨਤਾ ਦੋਵਾਂ ਦੇਸ਼ਾਂ ਦੇ ਵਿਚਕਾਰ ਨਵੀਆਂ ਸਾਂਝੇਦਾਰੀਆਂ ਨੂੰ ਉਤਸਾਹਿਤ ਕਰ ਸਕਦੀਆਂ ਹਨ।

5. ਪ੍ਰਧਾਨ ਮੰਤਰੀ ਨੇ ਪ੍ਰਵਾਸੀ ਸਦੱਸਾਂ ਨੂੰ ਜਨਵਰੀ 2025 ਵਿੱਚ ਭਾਰਤ ਵਿੱਚ ਆਯੋਜਿਤ ਹੋਣ ਵਾਲੇ ਪ੍ਰਵਾਸੀ ਭਾਰਤੀਯ ਦਿਵਸ ਅਤੇ ਮਹਾ ਕੁੰਭ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ।

ਕੁਵੈਤ ਸਿਟੀ

21 ਦਸੰਬਰ, 2024